ਟੋਡੀ ਮਹਲਾ ੫ ॥ ਹਰਿ ਹਰਿ ਪਤਿਤ ਪਾਵਨ ॥ ਜੀਅ ਪ੍ਰਾਨ ਮਾਨ ਸੁਖਦਾਤਾ ਅੰਤਰਜਾਮੀ ਮਨ ਕੋ ਭਾਵਨ ॥ ਰਹਾਉ ॥ ਸੁੰਦਰੁ ਸੁਘੜੁ ਚਤੁਰੁ ਸਭ ਬੇਤਾ ਰਿਦ ਦਾਸ ਨਿਵਾਸ ਭਗਤ ਗੁਨ ਗਾਵਨ ॥ ਨਿਰਮਲ ਰੂਪ ਅਨੂਪ ਸੁਆਮੀ ਕਰਮ ਭੂਮਿ ਬੀਜਨ ਸੋ ਖਾਵਨ ॥ ੧॥ ਬਿਸਮਨ ਬਿਸਮ ਭਏ ਬਿਸਮਾਦਾ ਆਨ ਨ ਬੀਓ ਦੂਸਰ ਲਾਵਨ ॥ ਰਸਨਾ ਸਿਮਰਿ ਸਿਮਰਿ ਜਸੁ ਜੀਵਾ ਨਾਨਕ ਦਾਸ ਸਦਾ ਬਲਿ ਜਾਵਨ ॥੨॥੬॥੨੫॥ {ਪੰਨਾ 717}

ਪਦਅਰਥ:- ਪਤਿਤ—(ਵਿਕਾਰਾਂ ਵਿਚ) ਡਿੱਗੇ ਹੋਏ, ਵਿਕਾਰੀ। ਪਾਵਨ—ਪਵਿਤ੍ਰ (ਕਰਨ ਵਾਲਾ)। ਜੀਅ ਪ੍ਰਾਨ ਮਾਨ—ਜਿੰਦ ਦਾ ਪ੍ਰਾਣਾਂ ਦਾ ਮਾਣ (ਆਸਰਾ)। ਕੋ—ਦਾ। ਮਨ ਕੋ ਭਾਵਨ—ਮਨ ਦਾ ਪਿਆਰਾ (ਭਾ ਜਾਣ ਵਾਲਾ)। ਰਹਾਉ।

ਸੁਘੜੁ—ਸੁਚੱਜੀ (ਮਾਨਸਕ) ਘਾੜਤ ਵਾਲਾ। ਚਤੁਰੁ—ਸਿਆਣਾ। ਬੇਤਾ—ਜਾਣਨ ਵਾਲਾ। ਰਿਦ ਦਾਸ ਨਿਵਾਸ—ਦਾਸਾਂ ਦੇ ਹਿਰਦੇ ਵਿਚ ਨਿਵਾਸ ਰੱਖਣ ਵਾਲਾ। ਅਨੂਪ—ਬਹੁਤ ਸੁੰਦਰ, ਬੇ-ਮਿਸਾਲ। ਕਰਮ ਭੂਮਿ—ਸਰੀਰ, ਕਰਮ ਬੀਜਣ ਵਾਲੀ ਧਰਤੀ।1।

ਬਿਸਮਨ ਬਿਖਮ ਬਿਸਮਾਦਾ—ਬਹੁਤ ਹੀ ਹੈਰਾਨ। ਆਨ—{ANX} ਹੋਰ। ਬੀਓ—ਦੂਜਾ। ਲਾਵਨ—ਬਰਾਬਰ। ਰਸਨਾ—ਜੀਭ (ਨਾਲ)। ਸਿਮਰਿ—ਸਿਮਰ ਕੇ। ਜੀਵਾ—ਜੀਵਾਂ, ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ। ਬਲਿ—ਸਦਕੇ।2।

ਅਰਥ:- ਹੇ ਭਾਈ! ਪਰਮਾਤਮਾ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲਾ ਹੈ। ਉਹ (ਸਭ ਜੀਵਾਂ ਦੀ) ਜਿੰਦ ਪ੍ਰਾਣਾਂ ਦਾ ਸਹਾਰਾ ਹੈ, (ਸਭ ਨੂੰ) ਸੁਖ ਦੇਣ ਵਾਲਾ ਹੈ, (ਸਭ ਦੇ) ਦਿਲ ਦੀ ਜਾਣਨ ਵਾਲਾ ਹੈ, (ਸਭਨਾਂ ਦੇ) ਮਨ ਦਾ ਪਿਆਰਾ ਹੈ। ਰਹਾਉ।

ਹੇ ਭਾਈ! ਪਰਮਾਤਮਾ ਸੋਹਣਾ ਹੈ, ਸੁਚੱਜੀ ਘਾੜਤ ਵਾਲਾ ਹੈ, ਸਿਆਣਾ ਹੈ, ਸਭ ਕੁਝ ਜਾਣਨ ਵਾਲਾ ਹੈ, ਆਪਣੇ ਦਾਸਾਂ ਦੇ ਹਿਰਦੇ ਵਿਚ ਨਿਵਾਸ ਰੱਖਣ ਵਾਲਾ ਹੈ, ਭਗਤ ਉਸ ਦੇ ਗੁਣ ਗਾਂਦੇ ਹਨ। ਉਹ ਮਾਲਕ ਪਵਿਤ੍ਰ-ਸਰੂਪ ਹੈ, ਬੇ-ਮਿਸਾਲ ਹੈ। ਉਸ ਦਾ ਬਣਾਇਆ ਹੋਇਆ ਇਹ ਮਨੁੱਖਾ ਸਰੀਰ ਕਰਮ ਬੀਜਣ ਲਈ ਧਰਤੀ ਹੈ; ਜੋ ਕੁਝ ਜੀਵ ਇਸ ਵਿਚ ਬੀਜਦੇ ਹਨ, ਉਹੀ ਖਾਂਦੇ ਹਨ।1।

ਹੇ ਨਾਨਕ! (ਆਖ—ਹੇ ਭਾਈ! ਉਸ ਪਰਮਾਤਮਾ ਬਾਰੇ ਸੋਚ ਕੇ) ਬਹੁਤ ਹੀ ਹੈਰਾਨ ਹੋ ਜਾਈਦਾ ਹੈ। ਕੋਈ ਭੀ ਹੋਰ ਦੂਜਾ ਉਸ ਦੇ ਬਰਾਬਰ ਦਾ ਨਹੀਂ ਹੈ। ਉਸ ਦੇ ਸੇਵਕ ਉਸ ਤੋ ਸਦਾ ਸਦਕੇ ਹੁੰਦੇ ਹਨ। ਹੇ ਭਾਈ! ਉਸ ਦੀ ਸਿਫ਼ਤਿ-ਸਾਲਾਹ (ਆਪਣੀ) ਜੀਭ ਨਾਲ ਕਰ ਕਰ ਕੇ ਮੈਂ (ਭੀ) ਆਤਮਕ ਜੀਵਨ ਪ੍ਰਾਪਤ ਕਰ ਰਿਹਾ ਹਾਂ।2।6। 25।